Tape/CD: 1313 ਪੰਨਾ ੨੩੪-੨੩੫

ਗਉੜੀ ਮਹਲਾ ੪ ॥ ਮਨ ਕਰਹਲਾ ਵੀਚਾਰੀਆ ਵੀਚਾਰਿ ਦੇਖੁ ਸਮਾਲਿ ॥ ਬਨ ਫਿਰਿ ਥਕੇ ਬਨ ਵਾਸੀਆ ਪਿਰੁ ਗੁਰਮਤਿ ਰਿਦੈ ਨਿਹਾਲਿ ॥ ੧ ॥ ਮਨ ਕਰਹਲਾ ਗੁਰ ਗੋਵਿੰਦੁ ਸਮਾਲਿ ॥ ੧ ॥ ਰਹਾਉ ॥ ਮਨ ਕਰਹਲਾ ਵੀਚਾਰੀਆ ਮਨਮੁਖ ਫਾਥਿਆ ਮਹਾ ਜਾਲਿ ॥ ਗੁਰਮੁਖਿ ਪ੍ਰਾਣੀ ਮੁਕਤੁ ਹੈ ਹਰਿ ਹਰਿ ਨਾਮੁ ਸਮਾਲਿ ॥ ੨ ॥ ਮਨ ਕਰਹਲਾ ਮੇਰੇ ਪਿਆਰਿਆ ਸਤਸੰਗਤਿ ਸਤਿਗੁਰੁ ਭਾਲਿ ॥ ਸਤਸੰਗਤਿ ਲਗਿ ਹਰਿ ਧਿਆਈਐ ਹਰਿ ਹਰਿ ਚਲੈ ਤੇਰੈ ਨਾਲਿ ॥ ੩ ॥ ਮਨ ਕਰਹਲਾ ਵਡਭਾਗੀਆ ਹਰਿ ਏਕ ਨਦਰਿ ਨਿਹਾਲਿ ॥ ਆਪਿ ਛਡਾਏ ਛੁਟੀਐ ਸਤਿਗੁਰ ਚਰਣ ਸਮਾਲਿ ॥ ੪ ॥ ਮਨ ਕਰਹਲਾ ਮੇਰੇ ਪਿਆਰਿਆ ਵਿਚਿ ਦੇਹੀ ਜੋਤਿ ਸਮਾਲਿ ॥ ਗੁਰਿ ਨਉ ਨਿਧਿ ਨਾਮੁ ਵਿਖਾਲਿਆ ਹਰਿ ਦਾਤਿ ਕਰੀ ਦਇਆਲਿ ॥ ੫ ॥ ਮਨ ਕਰਹਲਾ ਤੂੰ ਚੰਚਲਾ ਚਤੁਰਾਈ ਛਡਿ ਵਿਕਰਾਲਿ ॥ ਹਰਿ ਹਰਿ ਨਾਮੁ ਸਮਾਲਿ ਤੂੰ ਹਰਿ ਮੁਕਤਿ ਕਰੇ ਅੰਤ ਕਾਲਿ ॥ ੬ ॥ ਮਨ ਕਰਹਲਾ ਵਡਭਾਗੀਆ ਤੂੰ ਗਿਆਨੁ ਰਤਨੁ ਸਮਾਲਿ ॥ ਗੁਰ ਗਿਆਨੁ ਖੜਗੁ ਹਥਿ ਧਾਰਿਆ ਜਮੁ ਮਾਰਿਅੜਾ ਜਮਕਾਲਿ ॥ ੭ ॥ ਅੰਤਰਿ ਨਿਧਾਨੁ ਮਨ ਕਰਹਲੇ ਭ੍ਰਮਿ ਭਵਹਿ ਬਾਹਰਿ ਭਾਲਿ ॥ ਗੁਰੁ ਪੁਰਖੁ ਪੂਰਾ ਭੇਟਿਆ ਹਰਿ ਸਜਣੁ ਲਧੜਾ ਨਾਲਿ ॥ ੮ ॥ ਰੰਗਿ ਰਤੜੇ ਮਨ ਕਰਹਲੇ ਹਰਿ ਰੰਗੁ ਸਦਾ ਸਮਾਲਿ ॥ ਹਰਿ ਰੰਗੁ ਕਦੇ ਨ ਉਤਰੈ ਗੁਰ ਸੇਵਾ ਸਬਦੁ ਸਮਾਲਿ ॥ ੯ ॥ ਹਮ ਪੰਖੀ ਮਨ ਕਰਹਲੇ ਹਰਿ ਤਰਵਰੁ ਪੁਰਖੁ ਅਕਾਲਿ ॥ ਵਡਭਾਗੀ ਗੁਰਮੁਖਿ ਪਾਇਆ ਜਨ ਨਾਨਕ ਨਾਮੁ ਸਮਾਲਿ ॥ ੧੦ ॥ ੨ ॥

Spl-A

Tape/CD: 1313

ਪੰਨਾ ੧੧੭੮

ਬਸੰਤੁ ਹਿੰਡੋਲ ਮਹਲਾ ੪ ਘਰੁ ੨

ਰਾਮ ਨਾਮੁ ਰਤਨ ਕੋਠੜੀ ਗੜ ਮੰਦਰਿ ਏਕ ਲੁਕਾਨੀ ॥ ਸਤਿਗੁਰੁ ਮਿਲੈ ਤ ਖੋਜੀਐ ਮਿਲਿ ਜੋਤੀ ਜੋਤਿ ਸਮਾਨੀ ॥ ੧ ॥ ਮਾਧੋ ਸਾਧੂ ਜਨ ਦੇਹੁ ਮਿਲਾਇ ॥ ਦੇਖਤ ਦਰਸੁ ਪਾਪ ਸਭਿ ਨਾਸਹਿ ਪਵਿਤ੍ਰ ਪਰਮ ਪਦੁ ਪਾਇ ॥ ੧ ॥ ਰਹਾਉ ॥ ਪੰਚ ਚੋਰ ਮਿਲਿ ਲਾਗੇ ਨਗਰੀਆ ਰਾਮ ਨਾਮ ਧਨੁ ਹਿਰਿਆ ॥ ਗੁਰਮਤਿ ਖੋਜ ਪਰੇ ਤਬ ਪਕਰੇ ਧਨੁ ਸਾਬਤੁ ਰਾਸਿ ਉਬਰਿਆ ॥ ੨ ॥ ਪਾਖੰਡ ਭਰਮ ਉਪਾਵ ਕਰਿ ਥਾਕੇ ਰਿਦ ਅੰਤਰਿ ਮਾਇਆ ਮਾਇਆ ॥ ਸਾਧੂ ਪੁਰਖੁ ਪੁਰਖਪਤਿ ਪਾਇਆ ਅਗਿਆਨ ਅੰਧੇਰੁ ਗਵਾਇਆ ॥ ੩ ॥ ਜਗੰਨਾਥ ਜਗਦੀਸ ਗੁਸਾਈ ਕਰਿ ਕਿਰਪਾ ਸਾਧੁ ਮਿਲਾਵੈ ॥ ਨਾਨਕ ਸਾਂਤਿ ਹੋਵੈ ਮਨ ਅੰਤਰਿ ਨਿਤ ਹਿਰਦੈ ਹਰਿ ਗੁਣ ਗਾਵੈ ॥ ੪ ॥ ੧ ॥ ੩ ॥